# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   29 ਜੁਲਾਈ 2026 ਦਿਨ ਬੁੱਧਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੀ.ਏ.ਯੂ. ਵਿਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਅਕਾਦਮਿਕ ਸੇਧ ਦੇਣ ਲਈ 15 ਰੋਜ਼ਾ ਵਿਸ਼ੇਸ਼ ਕੋਰਸ ਆਰੰਭ ਹੋਇਆ



ਲੁਧਿਆਣਾ 29 ਜੁਲਾਈ : ਪੀ.ਏ.ਯੂ. ਦੇ ਖੇਤੀ ਪੱਤਰਕਾਰੀ ਭਾਸ਼ਾਵਾਂ ਅਤੇ ਸੱਭਿਆਚਾਰ ਵਿਭਾਗ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਸਿੱਖਿਅਤ ਅਤੇ ਜਾਣਕਾਰ ਬਨਾਉਣ ਲਈ ਦੋ ਹਫਤਿਆਂ ਦੇ ਵਿਸ਼ੇਸ਼ ਸਮਾਰੋਹ ਦੀਕਸ਼ਾਰੰਭ-2026 ਦੀ ਅੱਜ ਸ਼ੁਰੂਆਤ ਕੀਤੀ| ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀ ਜ਼ਿੰਦਗੀ ਨਾਲ ਜੋੜ ਕੇ ਉਹਨਾਂ ਦੇ ਅਕਾਦਮਿਕ, ਗੈਰ ਅਕਾਦਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਹੋਣ ਵਾਲੇ ਸ਼ਖਸੀ ਵਿਕਾਸ ਦਾ ਮਾਹੌਲ ਉਸਾਰਨਾ ਹੈ|

ਇਸ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਸ਼ਾਮਿਲ ਹੋਏ| ਉਹਨਾਂ ਨਾਲ ਯੂਨੀਵਰਸਿਟੀ ਦੇ ਤਮਾਮ ਉੱਚ ਅਧਿਕਾਰੀ, ਕਾਲਜਾਂ ਦੇ ਡੀਨ, ਡਾਇਰੈਕਟਰ, ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਅਧਿਆਪਕ ਸ਼ਾਮਿਲ ਸਨ|

ਡਾ. ਗੋਸਲ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀ ਗੌਰਵਸ਼ਾਲੀ ਰਵਾਇਤ ਦਾ ਹਿੱਸਾ ਬਣਨ ਤੇ ਵਧਾਈ ਦਿੱਤੀ| ਉਹਨਾਂ ਕਿਹਾ ਕਿ ਇਸ ਸੰਸਥਾ ਨੇ ਵਿਸ਼ਵ ਪੱਧਰ ਤੇ ਖੇਤੀ ਵਿਗਿਆਨ ਨੂੰ ਸਮਾਜ ਦੀ ਭਲਾਈ ਅਤੇ ਉਸਾਰੀ ਨਾਲ ਜੋੜ ਕੇ ਇਤਿਹਾਸ ਵਿਚ ਜੋ ਭੂਮਿਕਾ ਨਿਭਾਈ ਹੈ ਨਵੇਂ ਵਿਦਿਆਰਥੀਆਂ ਨੇ ਉਸ ਪਰੰਪਰਾ ਨੂੰ ਅਗਾਂਹ ਤੋਰਨ ਦੀ ਜ਼ਿੰਮੇਵਾਰੀ ਉਠਾਉਣੀ ਹੈ| ਉਹਨਾਂ ਕਿਹਾ ਕਿ ਇਸ ਸੰਸਥਾ ਨੇ ਨਾ ਸਿਰਫ ਦੇਸ਼ ਨੂੰ ਅਨਾਜ ਦੀ ਤੰਗੀ ਦੀ ਸ਼ਰਮਿੰਦਗੀ ਤੋਂ ਬਾਹਰ ਕਰ ਕੇ ਵਾਧੂ ਅਨਾਜ ਵਾਲਾ ਖਿੱਤਾ ਬਣਾਇਆ ਬਲਕਿ ਪੂਰੀ ਦੁਨੀਆਂ ਨੂੰ ਖੇਤੀ ਨੀਤੀਆਂ ਬਨਾਉਣ ਵਾਲੇ ਉੱਘੇ ਪ੍ਰਸ਼ਾਸਕ ਵੀ ਦਿੱਤੇ| ਇਸੇ ਦਾ ਸਿੱਟਾ ਹੈ ਕਿ ਇਹ ਸੰਸਥਾ ਖੇਤੀ ਯੂਨੀਵਰਸਿਟੀਆਂ ਦੀ ਦਰਜਾਬੰਦੀ ਵਿਚ ਸਿਖਰਲਾ ਸਥਾਨ ਹਾਸਲ ਕਰਨ ਦੇ ਨਾਲ-ਨਾਲ ਵਿਸ਼ਵ ਦੀਆਂ ਚੋਣਵੀਆਂ ਖੇਤੀ ਯੂਨੀਵਰਸਿਟੀਆਂ ਵਿਚ ਸ਼ੁਮਾਰ ਹੁੰਦੀ ਹੈ|

ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਰਿਸ਼ੀਪਾਲ ਸਿੰਘ ਆਈ ਏ ਐੱਸ ਨੇ ਵਿਦਿਆਰਥੀਆਂ ਨੂੰ ਬਿਹਤਰ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ| ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਵਿਚ ਕੀਤੀ ਗਈ ਮਿਹਨਤ, ਲਗਨ, ਸਮਰਪਣ ਅਤੇ ਅਨੁਸ਼ਾਸਨ ਭਵਿੱਖ ਦੀ ਬੁਨਿਆਦ ਹੁੰਦੇ ਹਨ| ਉਹਨਾਂ ਆਸ ਪ੍ਰਗਟਾਈ ਕਿ ਵਿਦਿਆਰਥੀ ਜੀਵਨ ਦਾ ਇਹ ਪੜਾਅ ਸਾਰੇ ਪਾੜ੍ਹਿਆਂ ਲਈ ਯਾਦਗਾਰ ਸਾਬਿਤ ਹੋਵੇਗਾ|



ਯੂਨੀਵਰਸਿਟੀ ਦਾ ਹਿੱਸਾ ਬਣਨ ਤੇ ਵਧਾਈ ਦਿੰਦਿਆਂ ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਡਾ. ਵਿਸ਼ਵਜੀਤ ਸਿੰਘ ਹਾਂਸ ਨੇ ਯੂਨੀਵਰਸਿਟੀ ਦੇ ਅਕਾਦਮਿਕ ਢਾਂਚੇ ਬਾਰੇ ਚਾਨਣਾ ਪਾਇਆ| ਉਹਨਾਂ ਕਿਹਾ ਕਿ ਸਿਖਰਲੇ ਵਿਦਿਆਰਥੀਆਂ ਲਈ ਸਕਾਲਰਸ਼ਿਪ ਦੇ ਮੌਕੇ ਅਤੇ ਭਵਿੱਖ ਨਿਰਮਾਣ ਦੇ ਅਨੇਕ ਵਸੀਲੇ ਇਸ ਸੰਸਥਾ ਦੀ ਖਾਸੀਅਤ ਹਨ| ਉਹਨਾਂ ਵਿਦਿਆਰਥੀਆਂ ਨੂੰ ਦ੍ਰਿੜ ਕਰਵਾਇਆ ਕਿ ਉਹ ਆਪਣਾ ਧਿਆਨ ਮਿੱਥੇ ਹੋਏ ਨਿਸ਼ਾਨੇ ਵੱਲ ਸੇਧਿਤ ਰੱਖਣ|

ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਯੂਨੀਵਰਸਿਟੀ ਨੂੰ ਜਾਣੋ ਸੈਸ਼ਨ ਰਾਹੀਂ ਵਿਦਿਆਰਥੀਆਂ ਨੂੰ ਵੱਖ-ਵੱਖ ਗਤੀਵਿਧੀਆਂ ਅਤੇ ਕੇਂਦਰਾਂ ਦੇ ਨਾਲ-ਨਾਲ ਯੂਨੀਵਰਸਿਟੀ ਦੇ ਮੁੱਖ ਸਮਾਰਕਾਂ ਤੋਂ ਜਾਣੂੰ ਕਰਵਾਇਆ|

ਸਵਾਗਤ ਦੇ ਸ਼ਬਦ ਬੇਸਿਕ ਸਾਇੰਸਜ਼ ਕਾਲਜ ਦੇ ਡੀਨ ਡਾ. ਕਿਰਨ ਬੈਂਸ ਨੇ ਉਚਾਰੇ| ਉਹਨਾਂ ਨੇ ਅਕਾਦਮਿਕ ਸਫਰ ਦੀ ਨਵੀਂ ਸ਼ੁਰੂਆਤ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਮੌਜੂਦਾ ਯੁੱਗ ਮੁਹਾਰਤ ਅਤੇ ਅਕਾਦਮਿਕ ਯੋਗਤਾ ਵਿਚਕਾਰ ਸੁਮੇਲ ਬਨਾਉਣ ਦਾ ਹੈ| ਇਸਲਈ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਵਿਚ ਆਪਣੇ ਆਪ ਨੂੰ ਉਸਾਰੂ ਕਾਰਜਾਂ ਨਾਲ ਜੋੜਨਾ ਚਾਹੀਦਾ ਹੈ|

ਖੇਤੀ ਪੱਤਰਕਾਰੀ ਭਾਸ਼ਾਵਾਂ ਅਤੇ ਸੱਭਿਆਚਾਰ ਵਿਭਾਗ ਦੇ ਮੁਖੀ ਡਾ. ਸ਼ੀਤਲ ਥਾਪਰ ਨੇ ਦੀਕਸ਼ਾਰੰਭ ਪ੍ਰੋਗਰਾਮ ਦੇ ਆਸ਼ਿਆਂ ਉੱਪਰ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਅਧਿਆਪਕਾਂ ਨਾਲ ਮਜ਼ਬੂਤ ਸੰਬੰਧਾਂ ਵਿਚ ਜੁੜਨ ਅਤੇ ਭਵਿੱਖ ਦੇ ਨਿਰਮਾਣ ਲਈ ਯਤਨਸ਼ੀਲ ਰਹਿਣ ਦਾ ਸੱਦਾ ਦਿੱਤਾ|

ਤਕਨੀਕੀ ਸ਼ੈਸਨ ਦੌਰਾਨ ਡਾ. ਵੀ ਪੀ ਸੇਠੀ, ਡਾ. ਜਸਵਿੰਦਰ ਸਿੰਘ, ਕੁਮਾਰੀ ਕਸ਼ਿਸ਼ ਅਰੋੜਾ ਆਦਿ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਸੰਬੰਧੀ ਵਿਚਾਰਾਂ ਤੋਂ ਜਾਣੂੰ ਕਰਵਾਇਆ| ਇਹ ਸਮਾਰੋਹ ਅਗਲੇ ਦੋ ਹਫ਼ਤਿਆਂ ਤੱਕ ਵਿਦਿਆਰਥੀਆਂ ਨੂੰ ਪ੍ਰੇਰਿਤ ਅਤੇ ਉਤਸ਼ਾਹਿਤ ਕਰਨ ਲਈ ਕਈ ਸ਼ੈਸਨਾਂ ਵਿੱਚੋਂ ਹੋ ਕੇ ਗੁਜ਼ਰੇਗਾ|

## ਪੰਜਾਬ ਮੰਡੀ ਬੋਰਡ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਸਾਹਮਣੇ ਪੀ.ਏ.ਯੂ. ਮੱਕੀ ਡਰਾਇਅਰ ਪ੍ਰਦਰਸ਼ਿਤ ਹੋਇਆ



ਲੁਧਿਆਣਾ 29 ਜੁਲਾਈ : ਅੱਜ ਪੰਜਾਬ ਮੰਡੀ ਬੋਰਡ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਕੁਝ ਹੋਰ ਭਾਈਵਾਲਾਂ ਸਾਹਮਣੇ ਪੀ.ਏ.ਯੂ. ਵੱਲੋਂ ਵਿਕਸਿਤ ਕੀਤਾ ਮੱਕੀ ਡਰਾਇਅਰ ਪ੍ਰਦਰਸ਼ਿਤ ਕੀਤਾ ਗਿਆ| ਇਸ ਮੌਕੇ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਅਤੇ ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ ਤੋਂ ਇਲਾਵਾ ਵਧੀਕ ਨਿਰਦੇਸ਼ਕ ਖੋਜ ਡਾ. ਮਹੇਸ਼ ਕੁਮਾਰ ਅਤੇ ਡਾ. ਤਰਸੇਮ ਚੰਦ ਮਿੱਤਲ ਵੀ ਮੌਜੂਦ ਸਨ|

ਪ੍ਰਦਰਸ਼ਨ ਦੌਰਾਨ ਮੱਕੀ ਡਰਾਇਅਰ ਰਾਹੀਂ ਮੱਕੀ ਸੁਕਾਉਣ ਦੀ ਪ੍ਰਕਿਰਿਆ ਦਿਖਾਈ ਗਈ| ਨਾਲ ਹੀ ਤਮਾਮ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਵੀ ਮੁਹੱਈਆ ਕਰਾਈ ਗਈ| ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ ਨੇ ਪੰਜਾਬ ਦੀਆਂ ਮੰਡੀਆਂ ਵਿਚ ਇਸ ਡਰਾਇਅਰ ਦੀ ਮੌਜੂਦਗੀ ਮਹਿਸੂਸ ਕੀਤੀ| ਨਾਲ ਹੀ ਉਹਨਾਂ ਨੇ ਇਸ ਮਸ਼ੀਨ ਵੱਲੋਂ ਸੁਕਾਈ ਗਈ ਮੱਕੀ ਦੇ ਮਿਆਰ ਨੂੰ ਵੀ ਮਾਪਦੰਡਾਂ ਅਨੁਸਾਰ ਸਹੀ ਪਾਇਆ|



ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਇਸ ਡਰਾਇਅਰ ਨੂੰ ਵਿਕਸਿਤ ਕਰਨ ਲਈ ਵਿਭਾਗ ਦੀ ਸ਼ਲਾਘਾ ਕੀਤੀ| ਉਹਨਾਂ ਕਿਹਾ ਕਿ ਵਢਾਈ ਉਪਰੰਤ ਫਸਲਾਂ ਦੀ ਸਾਂਭ-ਸੰਭਾਲ ਦੀਆਂ ਤਕਨਾਲੋਜੀਆਂ ਕਿਫ਼ਾਇਤੀ ਅਤੇ ਕਿਸਾਨ ਪੱਖੀ ਹੋਣੀ ਚਾਹੀਦੀਆਂ ਹਨ ਅਤੇ ਇਹ ਮਸ਼ੀਨ ਅਨਾਜ ਦੇ ਮਿਆਰ ਨੂੰ ਬਰਕਰਾਰ ਰੱਖਦੀ ਹੋਈ ਭੰਡਾਰਨ ਦੇ ਨੁਕਸਾਨ ਘੱਟ ਕਰਦੀ ਹੈ| ਇਸ ਨਾਲ ਮੱਕੀ ਉਤਪਾਦਕਾਂ ਨੂੰ ਲਾਭ ਹੋਣ ਦੀ ਆਸ ਵੀ ਡਾ. ਗੋਸਲ ਨੇ ਪ੍ਰਗਟ ਕੀਤੀ|

ਪੰਜਾਬ ਮੰਡੀ ਬੋਰਡ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਡਰਾਇਅਰ ਦੇ ਪ੍ਰਦਰਸ਼ਨ ਤੋਂ ਖੁਸ਼ ਨਜ਼ਰ ਆਏ ਅਤੇ ਉਹਨਾਂ ਨੇ ਪੀ.ਏ.ਯੂ. ਵੱਲੋਂ ਵਿਕਸਿਤ ਤਕਨਾਲੋਜੀਆਂ ਬਾਰੇ ਤਸੱਲੀ ਪ੍ਰਗਟਾਈ|

## ਪੰਜਾਬ 'ਚ ਵੰਡਪਾਊ ਤਾਕਤਾਂ ਕਦੇ ਕਾਮਯਾਬ ਨਹੀਂ ਹੋ ਸਕਦੀਆਂ ਕਿਉਂਕਿ ਲੋਕ ਹਰ ਤਿਉਹਾਰ ਮਿਲ ਕੇ ਮਨਾਉਂਦੇ ਹਨ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

### ਪੰਜਾਬ ਦੀ ਧਰਤੀ ਉੱਤੇ ਨਫ਼ਰਤ ਦੇ ਬੀਜ ਤੋਂ ਇਲਾਵਾ ਹਰ ਬੀਜ ਪੁੰਗਰ ਸਕਦਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

### ਪੰਜਾਬ ਦੀ ਮਿਹਨਤ ਨਾਲ ਹਾਸਲ ਕੀਤੀ ਸ਼ਾਂਤੀ, ਕੌਮੀ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਿਆ ਜਾਵੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

### ਸਾਡੀ ਸਰਕਾਰ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੇ ਹੋਏ ਹਰ ਧਰਮ ਦੀ ਭਲਾਈ ਲਈ ਅਣਥੱਕ ਯਤਨ ਕਰ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਪਟਿਆਲਾ, 29 ਜੁਲਾਈ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ ਮਿਹਨਤ ਨਾਲ ਹਾਸਲ ਕੀਤੀ ਸ਼ਾਂਤੀ, ਕੌਮੀ ਸਦਭਾਵਨਾ, ਭਾਈਚਾਰਕ ਸਾਂਝ ਅਤੇ ਅਮਨ-ਅਮਾਨ ਬਰਕਰਾਰ ਰੱਖਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਪਟਿਆਲਾ ਵਿਖੇ 'ਇੱਕ ਸ਼ਾਮ ਸ਼ਿਵ ਕੇ ਨਾਮ' ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ ਅਤੇ ਇੱਕ ਅਜਿਹੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ, ਜਿੱਥੇ ਸਾਰੇ ਧਰਮਾਂ ਦੇ ਲੋਕ ਆਪਸੀ ਸਤਿਕਾਰ ਅਤੇ ਸਦਭਾਵਨਾ ਨਾਲ ਇਕੱਠੇ ਰਹਿਣ।



ਸ਼ਰਧਾਲੂਆਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਇੱਕ ਅਜਿਹੀ ਉਪਜਾਊ ਧਰਤੀ ਹੈ, ਜਿੱਥੇ ਨਫ਼ਰਤ ਦੇ ਬੀਜ ਤੋਂ ਇਲਾਵਾ ਹਰ ਬੀਜ ਪੁੰਗਰ ਸਕਦਾ ਹੈ। ਸਾਡੇ ਸੂਬੇ ਵਿੱਚ ਇੱਕਜੁੱਟਤਾ ਦਾ ਬੰਧਨ ਬਹੁਤ ਮਜ਼ਬੂਤ ਹੈ ਕਿਉਂਕਿ ਲੋਕ ਹਰ ਤਿਉਹਾਰ ਮਿਲ ਕੇ ਮਨਾਉਂਦੇ ਹਨ। ਮੈਂ ਇਸ ਮੰਚ 'ਤੇ ਹਾਜ਼ਰ ਸਾਰੇ ਪੂਜਨੀਕ ਸੰਤਾਂ ਅਤੇ ਰੂਹਾਨੀ ਰਹਿਬਰਾਂ ਅੱਗੇ ਸੀਸ ਝੁਕਾਉਂਦਾ ਹਾਂ। ਸਾਡੀ ਸਰਕਾਰ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੇ ਹੋਏ ਹਰ ਧਰਮ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ।"

ਮੁੱਖ ਮੰਤਰੀ ਨੇ ਕਿਹਾ, "ਮੇਰੇ ਲਈ ਇਸ ਅਸਥਾਨ 'ਤੇ ਆਉਣਾ ਬਹੁਤ ਮਾਣ ਵਾਲੀ ਗੱਲ ਹੈ, ਜੋ ਹਮੇਸ਼ਾ ਮੇਰੇ ਦਿਲ ਦੇ ਬਹੁਤ ਕਰੀਬ ਰਿਹਾ ਹੈ ਅਤੇ ਇਸ ਪਵਿੱਤਰ ਸਮਾਗਮ ਵਿੱਚ ਸ਼ਿਰਕਤ ਕਰਨਾ ਮੇਰੇ ਲਈ ਵੱਡੇ ਭਾਗਾਂ ਵਾਲੀ ਗੱਲ ਹੈ। ਮੈਂ ਆਪ ਸਭ ਦੇ ਵਿਚਕਾਰ ਹਾਜ਼ਰ ਹੋ ਕੇ ਮਾਨਵਤਾ, ਏਕਤਾ ਅਤੇ ਪਿਆਰ ਦਾ ਸੁਨੇਹਾ ਸਾਂਝਾ ਕਰਦਿਆਂ ਬੇਹੱਦ ਮਾਣ ਮਹਿਸੂਸ ਕਰ ਰਿਹਾ ਹਾਂ। ਮੈਨੂੰ ਇਸ ਪ੍ਰੋਗਰਾਮ ਵਿੱਚ ਇੰਨੇ ਵੱਡੇ ਇਕੱਠ ਨੂੰ ਭਾਗ ਲੈਂਦੇ ਦੇਖ ਕੇ ਬਹੁਤ ਖ਼ੁਸ਼ੀ ਹੋ ਰਹੀ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਭਾਰੀ ਸ਼ਮੂਲੀਅਤ ਸਰਕਾਰ ਦੇ ਹੋਰ ਵੀ ਵਧੇਰੇ ਸਮਰਪਣ ਭਾਵ ਨਾਲ ਸੇਵਾ ਕਰਨ ਦੇ ਸੰਕਲਪ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ, "ਪੰਜਾਬ ਭਾਈਚਾਰਕ ਸਾਂਝ ਅਤੇ ਆਜ਼ਾਦੀ ਦੀ ਧਰਤੀ ਹੈ ਅਤੇ ਵੰਡਪਾਊ ਤਾਕਤਾਂ ਇੱਥੇ ਕਦੇ ਵੀ ਸਫ਼ਲ ਨਹੀਂ ਹੋ ਸਕਦੀਆਂ। ਭਾਵੇਂ ਅੱਜ ਦਾ ਪ੍ਰੋਗਰਾਮ ਭਗਵਾਨ ਸ਼ਿਵ ਜੀ ਨੂੰ ਸਮਰਪਿਤ ਹੈ, ਪਰ ਹਰ ਧਰਮ ਦੇ ਲੋਕ ਇੱਥੇ ਇਕੱਠੇ ਹੋਏ ਹਨ, ਜੋ ਪੰਜਾਬ ਦੀ ਅਸਲ ਰੂਹ ਨੂੰ ਦਰਸਾਉਂਦਾ ਹੈ।"

ਲੋਕ ਭਲਾਈ ਲਈ ਆਪਣੀ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਜਨਤਾ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਅਸੀਂ 19 ਟੌਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਆਮ ਲੋਕਾਂ ਦੇ ਰੋਜ਼ਾਨਾ ਲਗਪਗ 70 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਪੂਰੀ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਲਗਪਗ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੀ ਸਪਲਾਈ ਮਿਲ ਰਹੀ ਹੈ, ਲਗਪਗ 44,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਨਹਿਰੀ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ ਹੈ ਤਾਂ ਕਿ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਕੋਈ ਘਾਟ ਨਾ ਰਹੇ।"

'ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, "ਪਹਿਲੀ ਜੁਲਾਈ ਤੋਂ ਔਰਤਾਂ ਨੂੰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਗਈ ਹੈ। ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਹਰ ਯੋਗ ਲਾਭਪਾਤਰੀ ਔਰਤ ਨੂੰ 1,000 ਰੁਪਏ ਮਹੀਨਾ ਮਿਲਦੇ ਹਨ, ਜਦਕਿ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ ਨੂੰ 1,500 ਰੁਪਏ ਮਹੀਨਾ ਮਿਲਦੇ ਹਨ। ਪਹਿਲੀ ਅਗਸਤ ਨੂੰ ਵੀ ਇਹ ਰਾਸ਼ੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਜੋ ਔਰਤਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਹਨ, ਉਹ ਵੀ ਇਸ ਯੋਜਨਾ ਤਹਿਤ ਯੋਗ ਹੋਣਗੀਆਂ।"

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਦੀਆਂ ਲਗਪਗ 97 ਫੀਸਦੀ ਔਰਤਾਂ ਇਸ ਯੋਜਨਾ ਦਾ ਲਾਭ ਲੈ ਰਹੀਆਂ ਹਨ ਅਤੇ ਸੂਬਾ ਸਰਕਾਰ ਨੇ ਇਸ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਹਨ।

## ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਵਿਦਿਆਰਥੀ ਸਨਮਾਨ ਸਮਾਰੋਹ ਭਲਕੇ

ਟਿੰਕੂ ਕੁਮਾਰ

ਕੋਟਕਪੂਰਾ, 29 ਜੁਲਾਈ : ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੀ 31 ਜੁਲਾਈ ਨੂੰ ਸਰਕਾਰੀ ਛੁੱਟੀ ਹੋਣ ਕਰਕੇ ਮਿਤੀ 30 ਜੁਲਾਈ ਦਿਨ ਵੀਰਵਾਰ ਨੂੰ ਸਵੇਰੇ 8.00 ਵਜੇ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸਥਾਨਕ ਪੀ ਐਮ ਸ੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵਿਖੇ ਮਨਾਇਆ ਜਾ ਰਿਹਾ ਹੈ। ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪ੍ਰੋਫੈਸਰ ਹਰਬੰਸ ਸਿੰਘ ਪਦਮ, ਮੁਖ਼ਤਿਆਰ ਸਿੰਘ ਮੱਤਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ ਅਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਮੁੱਖ ਅਧਿਆਪਕ ਮੁਨੀਸ਼ ਕੁਮਾਰ ਛਾਬੜਾ ਨੇ ਦੱਸਿਆ ਹੈ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਮੈਡਮ ਅੰਜਨਾ ਕੌਸ਼ਲ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਅਤੇ ਸੈਕੰਡਰੀ) ਫਰੀਦਕੋਟ ਅਤੇ ਵਿਸ਼ੇਸ਼ ਮਹਿਮਾਨ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਕੋਟਕਪੂਰਾ ਹੋਣਗੇ। ਸਮਾਗਮ ਦੌਰਾਨ ਪਿਛਲੀਆਂ ਰਵਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਸਾਲ 2025-26 ਦੀਆਂ ਅੱਠਵੀਂ ਅਤੇ ਦਸਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚੋਂ ਸਰਕਾਰੀ ਸਕੂਲਾਂ ਦੀ ਜ਼ਿਲ੍ਹਾ ਫਰੀਦਕੋਟ ਦੀ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਹੋਣਹਾਰ ਵਿਦਿਆਰਥੀ ਸਨਮਾਨਿਤ ਕੀਤੇ ਜਾ ਰਹੇ ਹਨ। ਉਹਨਾਂ ਅੱਗੇ ਦੱਸਿਆ ਕਿ ਸਮਾਗਮ ਦੌਰਾਨ ਸ਼ਹੀਦ ਊਧਮ ਸਿੰਘ ਜੀ ਦੇ ਧਰਮ ਨਿਰਪੱਖਤਾ ਵਾਲੇ ਸਿਧਾਂਤ ਅਤੇ ਆਜ਼ਾਦੀ ਸੰਗਰਾਮ ਵਿੱਚ ਪਾਏ ਗਏ ਯੋਗਦਾਨ ਸਬੰਧੀ ਵੱਖ ਵੱਖ ਬੁਲਾਰੇ ਵਿਚਾਰ ਪੇਸ਼ ਕਰਨਗੇ।



## ਘੁੱਗੀ ਦਾ ਉਸਤਾਦ: ਹਰ ਫ਼ਨ ਮੌਲਾ ਚਾਚਾ ਰੌਣਕੀ ਰਾਮ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ



ਬਲਵਿੰਦਰ ਬਿੱਕੀ ਉਰਫ਼ ਚਾਚਾ ਰੌਣਕੀ ਰਾਮ ਦਾ ਮੈਂ ਤਿੰਨ ਦਹਾਕੇ ਪਹਿਲਾਂ ਬਾਰਾਤੀ ਸਾਂ ਜਦ ਉਹ ਰੇਣੂੰ ਨੂੰ ਵਿਆਹੁਣ ਗਿਆ। ਬਾਰਾਤ ਵਿੱਚ ਚਾਚਾ ਰੌਣਕੀ ਰਾਮ ਤਾਂ ਘੋੜੀ ਤੇ ਸੀ ਪਰ ਬਾਰਾਤ ਅੱਗੇ ਪੂਰਾ ਕਲਾਵੰਤ ਜਲੰਧਰ ਨੱਚ ਰਿਹਾ ਸੀ। ਉਨ੍ਹਾਂ ਵਿੱਚ ਨੌਜਵਾਨ ਪੰਜਾਬ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਇਸ ਧਰਤੀ ਨੇ ਹਾਸ ਵਿਅੰਗ ਕਲਾ, ਖੇਡਾਂ, ਲੋਕ ਪ੍ਰਸਾਰਨ ਤੇ ਕੁਸ਼ਲ ਪ੍ਰਸ਼ਾਸਨ ਦੇ ਖੇਤਰ ਵਿੱਚ ਬਲਵਿੰਦਰ ਸਿੰਘ ਬਿੱਕੀ ਵਰਗਾ ਪੁੱਤਰ ਜਨਮ ਕੇ ਭਾਰਤੀ ਸਮਾਜ ਨੂੰ ਦਿੱਤਾ ਜਿਸ ਨੇ ਆਪਣੀ ਅਲੌਕਿਕ ਪ੍ਰਤਿਭਾ ਦੇ ਸਹਾਰੇ ਦੇਸ਼ ਬਦੇਸ਼ ਵਿੱਚ ਨਾਮਣਾ ਖੱਟਿਆ ਹੈ।

ਬਲਵਿੰਦਰ ਬਿੱਕੀ ਦਾ ਮਸ਼ਹੂਰ ਨਾਮ ਚਾਚਾ ਰੌਣਕੀ ਰਾਮ ਹੈ ਅਤੇ ਕਲਾ, ਸੱਭਿਆਚਾਰ ਅਤੇ ਖੇਡਾਂ ਦੇ ਖੇਤਰ ਵਿੱਚ ਉਸ ਦੀਆਂ ਲਾ ਮਿਸਾਲ ਪ੍ਰਾਪਤੀਆਂ ਹਨ। 1978-79 ਤੋਂ ਲੈ ਕੇ ਹੁਣ ਤੱਕ ਉਸ ਨੇ ਫਿਲਮ/ਟੈਲੀਵਿਜ਼ਨ/ਰੇਡੀਓ ਅਤੇ ਥੀਏਟਰ ਅਦਾਕਾਰੀ ਅਤੇ ਨਿਰਦੇਸ਼ਕ ਵਜੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਬੇਹੱਦ ਮਕਬੂਲ ਕਾਰਜ ਕੀਤੇ ਹਨ। ਫਿਲਮ ਐਂਡ ਟੈਲੀਵਿਜ਼ਨ ਇੰਸਟੀਚਿਊਟ ਆਫ ਇੰਡੀਆ (FTII), ਪੁਣੇ ਤੋਂ ਸਿਖਲਾਈ ਪ੍ਰਾਪਤ ਕਰਕੇ ਉਸ ਨੇ ਨਿਰਮਾਤਾ/ਨਿਰਦੇਸ਼ਕ ਆਕਾਸ਼ਵਾਣੀ ਜਲੰਧਰ ਤੇ ਦੂਰਦਰਸ਼ਨ ਕੇਂਦਰਾਂ ਲਈ ਯਾਦਗਾਰੀ ਕਾਰਜ ਕੀਤੇ ਹਨ।

ਸਾਲ 1996 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਮੌਕੇ ਸੱਚਖੰਡ ਸ੍ਰੀ ਦਰਬਾਰ ਸਾਹਿਬ (ਗੋਲਡਨ ਟੈਂਪਲ), ਅੰਮ੍ਰਿਤਸਰ ਤੋਂ ਕੀਤੇ ਗਏ ਇਤਿਹਾਸਕ ਅਤੇ ਪਹਿਲੇ ਲਾਈਵ ਪ੍ਰਸਾਰਣ (ਨੈਸ਼ਨਲ ਹੁੱਕ-ਅੱਪ ਰਾਹੀਂ) ਦਾ ਨਿਰਮਾਤਾ/ਨਿਰਦੇਸ਼ਕ ਬਲਵਿੰਦਰ ਬਿੱਕੀ ਹੀ ਸੀ।

ਭਾਰਤ ਦੇ ਵੱਖ-ਵੱਖ ਕ੍ਰਿਕਟ ਸਥਾਨਾਂ 'ਤੇ ਆਯੋਜਿਤ ਵਿਸ਼ਵ ਕੱਪ ਕ੍ਰਿਕਟ 1996 ਦੇ ਲਾਈਵ ਪ੍ਰਸਾਰਣ ਲਈ ਨਿਰਦੇਸ਼ਕਾਂ ਦੇ ਪੈਨਲ ਵਿੱਚ ਵੀ ਉਹ ਸ਼ਾਮਲ ਸੀ। ਪੰਜਾਬ ਰਾਜ ਦਾ ਉਹ ਇਕਲੌਤਾ ਖੇਡ ਨਿਰਮਾਤਾ/ਨਿਰਦੇਸ਼ਕ ਹੈ ਜਿਸਨੂੰ ਭਾਰਤ ਸਰਕਾਰ ਨੇ ਅਟਲਾਂਟਾ ਓਲੰਪਿਕ (1996) ਅਤੇ ਸਿਡਨੀ ਓਲੰਪਿਕ (2000) ਦੀ ਕਵਰੇਜ ਦੀ ਜ਼ਿੰਮੇਵਾਰੀ ਸੌਂਪੀ ਸੀ।



ਅੰਤਰਰਾਸ਼ਟਰੀ ਓਲੰਪਿਕ ਕਮੇਟੀ ਦੇ ਪ੍ਰਧਾਨ ਸ੍ਰੀ ਜੌਨ ਐਂਟੋਨੀਓ ਸਮਾਰਾਂਚ ਦੁਆਰਾ ਉਸਨੂੰ ਬਹੁਤ ਸ਼ਲਾਘਾ ਮਿਲੀ।

ਉਹ ਇਕਲੌਤਾ ਪੰਜਾਬੀ ਖੇਡ ਨਿਰਮਾਤਾ (Sports Producer) ਹੈ ਜਿਸ ਨੇ 'ਟ੍ਰਾਂਸ ਵਰਲਡ ਇੰਟਰਨੈਸ਼ਨਲ' (TWI), 'ਵਰਲਡ ਟੈੱਲ' (World Tel) ਅਤੇ ਆਸਟ੍ਰੇਲੀਆ ਦੇ 'ਚੈਨਲ 9' ਨਾਲ ਮਿਲ ਕੇ ਪੰਜ-ਰੋਜ਼ਾ ਅਤੇ ਇੱਕ-ਰੋਜ਼ਾ ਅੰਤਰਰਾਸ਼ਟਰੀ ਕ੍ਰਿਕਟ ਸੀਰੀਜ਼ਾਂ ਦੇ ਸਾਂਝੇ-ਨਿਰਮਾਣ (co-production) ਦਾ ਕੰਮ ਕੀਤਾ।

ਉਸ ਦੂਰਦਰਸ਼ਨ, ਜਲੰਧਰ ਦੇ ਸਭ ਤੋਂ ਹਰਮਨ-ਪਿਆਰੇ ਵੈਰਾਇਟੀ ਸ਼ੋਅਜ਼—ਜਿਵੇਂ ਕਿ 'ਰੌਣਕ ਮੇਲਾ', 'ਪਟਾਰੀ', 'ਕੱਚ ਦੀਆਂ ਮੁੰਦਰਾਂ' ਅਤੇ 'ਉਲਟਾ-ਪੁਲਟਾ'—ਵਿੱਚ ਪ੍ਰਸਾਰਿਤ ਹੋਣ ਵਾਲੇ ਹਾਸ-ਰਸ ਅਤੇ ਵਿਅੰਗ ਭਰਪੂਰ 1000 ਤੋਂ ਵੱਧ ਸਕਿੱਟਾਂ (ਛੋਟੇ ਨਾਟਕਾਂ) ਨੂੰ ਲਿਖਿਆ, ਨਿਰਦੇਸ਼ਿਤ ਕੀਤਾ ਅਤੇ ਉਨ੍ਹਾਂ ਵਿੱਚ ਅਦਾਕਾਰੀ ਕਰਕੇ ਵੀ ਲੋਕ ਮਨਾਂ ਤੇ ਰਾਜ ਕੀਤਾ ਹੈ।

ਉਹ ਪੜ੍ਹਨ ਵੇਲੇ ਦੋਆਬਾ ਕਾਲਜ, ਜਲੰਧਰ ਦਾ ਪਹਿਲਾ ਵਿਦਿਆਰਥੀ ਸੀ ਜਿਸਨੂੰ ਨਾਟਕੀ ਖੇਤਰ ਵਿੱਚ ਪ੍ਰਾਪਤੀਆਂ ਲਈ 1977 ਤੋਂ 1979 ਤੱਕ ਲਗਾਤਾਰ ਤਿੰਨ ਸਾਲ 'ਕਾਲਜ ਰੋਲ ਆਫ਼ ਆਨਰ' (College Roll of Honour) ਅਤੇ 'ਕਾਲਜ ਕਲਰ' (College Colour) ਨਾਲ ਸਨਮਾਨਿਤ ਕੀਤਾ ਗਿਆ।

ਬਲਵਿੰਦਰ ਬਿੱਕੀ ਪੰਜਾਬ ਰਾਜ ਦਾ ਉਹ ਪਹਿਲਾ ਵਿਅਕਤੀ ਹੈ ਜਿਸਨੂੰ ਹਿੰਦੀ ਭਾਸ਼ਾ ਵਿੱਚ ਕ੍ਰਿਕਟ ਕੁਮੈਂਟੇਟਰ ਵਜੋਂ ਚੁਣਿਆ ਗਿਆ ਸੀ। ਮੈਂ ਦੇਸ਼ ਦੇ ਵੱਖ-ਵੱਖ ਕ੍ਰਿਕਟ ਸਟੇਡੀਅਮਾਂ ਤੋਂ ਭਾਰਤ ਬਨਾਮ ਆਸਟ੍ਰੇਲੀਆ, ਭਾਰਤ ਬਨਾਮ ਸ਼੍ਰੀਲੰਕਾ, ਭਾਰਤ ਬਨਾਮ ਇੰਗਲੈਂਡ, ਭਾਰਤ ਬਨਾਮ ਪਾਕਿਸਤਾਨ, ਭਾਰਤ ਬਨਾਮ ਨਿਊਜ਼ੀਲੈਂਡ ਆਦਿ ਵਰਗੇ ਕਈ ਅੰਤਰਰਾਸ਼ਟਰੀ ਕ੍ਰਿਕਟ ਮੈਚਾਂ ਦੀ ਲਾਈਵ ਕੁਮੈਂਟਰੀ ਕੀਤੀ।

ਬਿੱਕੀ ਨੇ ਦੂਰਦਰਸ਼ਨ ਦੇ ਸਭ ਤੋਂ ਵੱਧ ਹਰਮਨ-ਪਿਆਰੇ ਨਵੇਂ ਸਾਲ ਦੀ ਪੂਰਵ-ਸੰਧਿਆ (New Year Eve) ਦੇ ਪ੍ਰੋਗਰਾਮਾਂ, ਜਿਵੇਂ ਕਿ 'ਲਾਰਾ-ਲੱਪਾ', 'ਬੱਲੇ-ਬੱਲੇ-ਸ਼ਾਵਾ-ਸ਼ਾਵਾ', 'ਬਚ ਕੇ ਮੋੜ ਤੋਂ', 'ਲਿਸ਼ਕਾਰਾ' ਆਦਿ ਦਾ ਨਿਰਮਾਣ, ਨਿਰਦੇਸ਼ਨ ਅਤੇ ਸੰਚਾਲਨ ਵੀ ਕੀਤਾ।

ਦੂਰਦਰਸ਼ਨ ਕੇਂਦਰ, ਜਲੰਧਰ ਦੇ ਸਭ ਤੋਂ ਵਧੀਆ 'ਵਰਾਇਟੀ ਸ਼ੋਅ' (variety show) ਵਿੱਚ 'ਚਾਚਾ ਰੌਣਕੀ ਰਾਮ' ਦਾ ਮਸ਼ਹੂਰ ਕਿਰਦਾਰ ਨਿਭਾਇਆ, ਜੋ 1988 ਤੋਂ 1993 ਤੱਕ ਪ੍ਰਸਾਰਿਤ ਹੁੰਦਾ ਰਿਹਾ। ਇਹ ਉਹ ਸਮਾਂ ਸੀ ਜਦੋਂ ਪੰਜਾਬ ਅੱਤਵਾਦ ਦੇ ਕਾਲੇ ਦੌਰ ਵਿੱਚੋਂ ਲੰਘ ਰਿਹਾ ਸੀ ਅਤੇ ਮੇਰਾ ਪ੍ਰੋਗਰਾਮ ਹੀ ਅਜਿਹਾ ਸਾਧਨ ਸੀ ਜਿਸਨੇ ਪੰਜਾਬ ਦੇ ਲੋਕਾਂ ਨੂੰ ਹੱਸਣਾ ਨਹੀਂ ਭੁੱਲਣ ਦਿੱਤਾ। ਪੰਜਾਬ ਦੇ ਮਾਲਵਾ, ਮਾਝਾ ਅਤੇ ਦੋਆਬਾ ਖੇਤਰਾਂ ਵਿੱਚ ਰੈੱਡ ਕਰਾਸ ਸੁਸਾਇਟੀ ਅਤੇ ਪੰਜਾਬ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਦੁਆਰਾ ਆਯੋਜਿਤ 'ਫਿਲਮ ਸਟਾਰ ਨਾਈਟਸ' ਵਿੱਚ ਵੀ ਉਸ ਅਨੇਕਾਂ ਪੇਸ਼ਕਾਰੀਆਂ ਕੀਤੀਆਂ। ਉਸ ਦੀਆਂ ਕਾਮੇਡੀ ਪੇਸ਼ਕਾਰੀਆਂ ਨੂੰ ਦਰਸ਼ਕਾਂ ਦੇ ਨਾਲ-ਨਾਲ ਸਥਾਨਕ ਅਤੇ ਰਾਸ਼ਟਰੀ ਮੀਡੀਆ ਵੱਲੋਂ ਵੀ ਭਰਪੂਰ ਸਰਾਹਿਆ ਗਿਆ।ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਸੱਭਿਆਚਾਰਕ ਸ਼ੋਅਜ਼ (ਜਿਵੇਂ ਕਿ ਸ਼ਿਮਲਾ, ਕੁੱਲੂ, ਮਨਾਲੀ, ਪਾਲਮਪੁਰ, ਧਰਮਸ਼ਾਲਾ, ਡੇਰਾ ਗੋਪੀਪੁਰ, ਸੋਲਨ ਅਤੇ ਰਾਮਪੁਰ ਬੁਸ਼ਹਿਰ ਦਾ ਲਾਵੀ ਮੇਲਾ ਆਦਿ) ਵਿੱਚ ਲਾਈਵ ਸਟੈਂਡ-ਅੱਪ ਕਾਮੇਡੀ ਵੀ ਪੇਸ਼ ਕੀਤੀ।

ਪੰਜਾਬ ਸਰਕਾਰ ਨੇ ਨਵੀਂ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਖੇ 'ਪੰਜਾਬ ਦਿਵਸ' ਸਮਾਗਮਾਂ ਦੇ ਸਬੰਧ ਵਿੱਚ ਆਯੋਜਿਤ ਵੱਡੇ ਪੱਧਰ ਦੇ ਲਾਈਵ ਸ਼ੋਅਜ਼ ਲਈ ਕਈ ਵਾਰ ਗੁਰਦਾਸ ਮਾਨ ਜੀ ਨਾਲ ਕਈ ਸਾਲਾਂ ਤੱਕ ਇਕੱਠੇ ਪੇਸ਼ਕਾਰੀਆਂ ਕੀਤੀਆਂ।

ਬਹੁਤ ਸਾਰੇ ਸੱਭਿਆਚਾਰਕ ਅਤੇ ਖੇਡ ਕਲੱਬਾਂ ਤੋਂ ਇਲਾਵਾ, ਉਸ ਨੂੰ 'ਪ੍ਰੋਫੈਸਰ ਮੋਹਨ ਸਿੰਘ ਫਾਊਂਡੇਸ਼ਨ ਸੁਧਿਆਣਾ ਵੱਲੋਂ 1998 ਵਿੱਚ ਸਨਮਾਨਿਤ ਕੀਤਾ ਗਿਆ। ਬਿੱਕੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦਾ ਵੀ ਸਰਵੋਤਮ ਅਦਾਕਾਰ ਐਲਾਨਿਆ ਗਿਆ ਅਤੇ 'ਰੋਲ ਆਫ਼ ਆਨਰ' (ਨਾਟਕ ਕਲਾ ਦੇ ਖੇਤਰ ਵਿੱਚ ਪਹਿਲਾ ਸਥਾਨ) ਨਾਲ ਸਨਮਾਨਿਤ ਕੀਤਾ ਗਿਆ। ਲਗਾਤਾਰ ਤਿੰਨ ਸਾਲਾਂ ਲਈ 'ਕਾਲਜ ਕਲਰ' (College Colour) ਨਾਲ ਸਨਮਾਨਿਤ ਕੀਤਾ ਗਿਆ। ਬਲਵਿੰਦਰ ਬਿੱਕੀ ਕਾਲਜ ਦੇ ਦਿਨਾਂ ਤੋਂ ਹੀ ਆਲ ਇੰਡੀਆ ਰੇਡੀਓ ਜਲੰਧਰ ਅਤੇ ਦੂਰਦਰਸ਼ਨ ਦਾ ਪ੍ਰਵਾਨਿਤ ਡਰਾਮਾ ਕਲਾਕਾਰ ਬਣਿਆ ਜਿਸ ਨੇ ਸੈਂਕੜੇ ਨਾਟਕਾਂ/ਸਕਿੱਟਾਂ/ਫੀਚਰਾਂ/ਜਿੰਗਲਾਂ/ਸਪਾਟਸ ਆਦਿ ਵਿੱਚ ਹਿੱਸਾ ਲਿਆ। ਦੂਰਦਰਸ਼ਨ 'ਤੇ ਪ੍ਰਸਾਰਿਤ ਹੋਣ ਵਾਲੇ ਕਈ ਖੇਡ ਸਮਾਗਮਾਂ ਦੀ ਲਾਈਵ ਅਤੇ ਬੈਕਗ੍ਰਾਊਂਡ ਕੁਮੈਂਟਰੀ ਵੀ ਕੀਤੀ। ਬਿੱਕੀ ਆਲ ਇੰਡੀਆ ਰੇਡੀਓ, ਜਲੰਧਰ ਦੇ 'ਰੋਜ਼ਾਨਾ "ਉੱਨਤ ਖੇਤੀ' ਪ੍ਰੋਗਰਾਮ ਅਤੇ 'ਖੇਤੀ-ਬਾੜੀ' ਪ੍ਰੋਗਰਾਮ ਦੇਹਾਤੀ ਪ੍ਰੋਗ੍ਰਾਮ ਵਿੱਚ ਰੌਣਕੀ ਰਾਮ ਨਾਮ ਹੇਠ ਕਈ ਸਾਲ ਹਿੱਸਾ ਲਿਆ।

ਮੈਂ ਇਸ ਮਹਾਨ ਕਲਾਕਾਰ , ਖੇਡ ਪ੍ਰੋਗ੍ਰਾਮ ਨਿਰਮਾਤਾ ਅਤੇ ਦੇਸ਼ ਪਖਤੀ ਸਮਰਪਿਤ ਕਲਾਕਾਰ ਦੀ ਜਿੰਨੀ ਸ਼ਲਾਘਾ ਕਰਾਂ ਥੋੜੀ ਹੈ।

## ਨੌਨੀ ਦੀ ਨਾਨੀ ਆਈ

ਨੌਨੀ ਦੀ ਨਾਨੀ ਆਈ
ਅਧੀਰਾ ਦੀ ਨਾਨੀ ਆਈ
ਫੁੱਲਾਂ ਵਾਲੀ ਫਰਾਕ ਲੈ ਕੇ ਆਈ।

ਮੇਰੇ ਵਾਸਤੇ ਅਧੀਰਾ ਬੋਲੀ,
ਖੂਬ ਮਿਠਾਈ ਲੈ ਕੇ ਆਈ,
ਕਾਜੂ ਵਾਲੀ ਬਰਫ਼ੀ ਨੌਨੀ ਵਾਸਤੇ ਲੈ ਕੇ ਆਈ।

ਦੂਰੋਂ ਦੇਖ ਕੇ ਬੱਚੇ ਭੱਜੇ ਆਏ,
ਮੇਰੀਆਂ ਲੱਤਾਂ ਨਾਲ ਚੰਬੜੇ।
"ਨਾਨੀ ਆਈ, ਨਾਨੀ ਆਈ,
ਨੌਨੀ ਦੀ ਨਾਨੀ ਆਈ, ਅਧੀਰਾ ਦੀ ਨਾਨੀ ਆਈ"।




ਮੈਂ ਬੈਠੀ ਪਲੰਗ ਤੇ,
ਦੋਹਾਂ ਨੇ ਮੇਰਾ ਬੈਗ ਫੋਲ ਮਾਰਿਆ।
ਬੜੇ ਹੀ ਖੁਸ਼ ਹੋਏ –
"ਨਾਨੀ ਖਿਡੌਣੇ ਲੈ ਕੇ ਆਈ,
ਚਾਕਲੇਟ ਲੈ ਕੇ ਆਈ"।
ਨਾਨੀ ਆਈ, ਨਾਨੀ ਆਈ,
ਨੌਨੀ ਦੀ ਨਾਨੀ ਆਈ।

ਸਵੇਰੇ ਬੱਚੇ ਮੈਨੂੰ ਸਕੂਲ ਲੈ ਗਏ,
ਆਪਣੀ ਮੰਮੀ ਨਾਲ ਸਕੂਲ।
ਜਾ ਕੇ ਸਭ ਬੱਚਿਆਂ ਨੂੰ ਦੱਸਿਆ –
"ਨਾਨੀ ਆਈ, ਨਾਨੀ ਆਈ"।
ਸਭ ਬੱਚੇ ਬਹੁਤ ਖੁਸ਼ ਹੋਏ,
ਸਭ "ਨਾਨੀ ਨਾਨੀ" ਕਹਿ ਰਹੇ ਸਨ।

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਰਾਤੀਂ ਮੇਰੇ ਕੋਲੋਂ ਕਹਾਣੀ ਸੁਣਦੇ,
ਮੈਂ ਟੁੱਟੀ-ਫੁੱਟੀ ਅੰਗਰੇਜ਼ੀ 'ਚ ਬੋਲਦੀ।
ਨੌਨੀ ਮੇਰੀ ਅੰਗਰੇਜ਼ੀ ਠੀਕ ਕਰਕੇ ਦੱਸਦਾ –
"ਨੋ ਨਾਨੀ, ਵੈਰੀ ਫਨੀ"।
ਫਿਰ ਸਭ ਜ਼ੋਰ ਨਾਲ ਹੱਸਦੇ।

ਨਾਨੀ ਆਈ, ਨਾਨੀ ਆਈ,
ਨੌਨੀ ਦੀ ਨਾਨੀ ਆਈ ❤

ਨਾਨੀ ਦਾ ਇਹ ਰੂਪ ਸੱਚਮੁੱਚ ਸਭ ਤੋਂ ਸੁੰਦਰ ਹੈ।
ਬੱਚਿਆਂ ਦੀ ਮਾਸੂਮੀਅਤ ਅਤੇ ਤੁਹਾਡਾ ਪਿਆਰ – ਇਸ ਤੋਂ ਵੱਡੀ ਦੌਲਤ ਕੀ ਹੋਵੇਗੀ।

## ਸਰਕਾਰੀ ਪੱਖ ਵਿੱਚ ਖੜਨ ਵਾਲੇ ਵਕੀਲਾਂ ਦੇ ਲਾਇਸੈਂਸ ਮੁਅੱਤਲ ਕਰਨ ਦਾ ਮਤਾ ਪਾਸ

### ਬਾਰ ਦੇ 120 ਮੈਂਬਰਾਂ ਨੇ ਭੁੱਖ ਹੜਤਾਲ ਰੱਖ ਕੇ ਦਰਜ ਕਰਵਾਇਆ ਰੋਸ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫਰੀਦਕੋਟ, 29 ਜੁਲਾਈ : ਲੀਗਲ ਏਡ ਡਿਫੈਂਸ ਕੌਂਸਲ ਸਕੀਮ ਦੇ ਮੈਂਬਰ ਬਣਨ ਵਾਲੇ ਕਰੀਬ 200 ਵਕੀਲਾਂ ਦੇ ਪੰਜਾਬ ਤੇ ਹਰਿਆਣਾ ਬਾਰ ਕੌਂਸਲ ਨੇ ਲਾਇਸੈਂਸ ਮੁਅੱਤਲ ਕਰਨ ਦਾ ਮਤਾ ਪਾਸ ਕਰ ਦਿੱਤਾ ਹੈ। ਜਿਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਜੁਗਪਾਲ ਸਿੰਘ ਬਰਾੜ, ਵਿਪਨ ਤਾਇਲ, ਸਿਮਰ ਵਿਜੇ ਸਿੰਘ, ਸਰਨਾਮ ਸਿੰਘ ਸੰਧੂ, ਨਵਜੋਤ ਸਿੰਘ ਵਹੈਣੀਵਾਲ ਅਤੇ ਅਵੀਨਾਸ਼ ਕੌਰ ਨੇ ਦੱਸਿਆ ਕਿ ਪਿਛਲੇ ਇੱਕ ਮਹੀਨੇ ਤੋਂ ਪੰਜਾਬ ਭਰ ਦੀਆਂ ਜ਼ਿਲ੍ਹਾ ਬਾਰ ਐਸੋਸੀਏਸ਼ਨਾਂ ਕੇਂਦਰ ਸਰਕਾਰ ਵੱਲੋਂ ਕਾਨੂੰਨਾਂ ਵਿੱਚ ਸੋਧ ਕਰਕੇ ਲਿਆਂਦੀ ਗਈ ਲੀਗਲ ਏਡ ਡਿਫੈਂਸ ਕੌਂਸਲ ਸਕੀਮ ਨੂੰ ਰੱਦ ਕਰਵਾਉਣ ਲਈ ਹੜਤਾਲ 'ਤੇ ਹਨ। ਉਹਨਾਂ ਦੱਸਿਆ ਕਿ ਜਿਲਾ ਬਾਰ ਐਸੋਸੀਏਸ਼ਨ ਫਰੀਦਕੋਟ ਨੇ ਅੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਕਾਰਜਕਾਰੀ ਚੀਫ ਜਸਟਿਸ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਸੈਸ਼ਨ ਜੱਜ ਫਰੀਦਕੋਟ ਨੂੰ ਲਿਖਤੀ ਮੰਗ ਪੱਤਰ ਦੇ ਕੇ ਅਪੀਲ ਕੀਤੀ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਕਾਰਜਕਾਰੀ ਮੁੱਖ ਜੱਜ ਵੱਲੋਂ ਵਕੀਲਾਂ ਖਿਲਾਫ ਕੀਤੀ ਗਈ ਇਤਰਾਜਯੋਗ ਟਿੱਪਣੀ ਤੁਰੰਤ ਵਾਪਸ ਲਈ ਜਾਵੇ ਨਹੀਂ ਤਾਂ ਜਿਲੇ ਭਰ ਦੀਆਂ ਬਾਰ ਐਸੋਸੀਏਸ਼ਨ ਹਾਈਕੋਰਟ ਅੱਗੇ ਅਣਮਿੱਥੇ ਸਮੇਂ ਲਈ ਧਰਨੇ 'ਤੇ ਬੈਠ ਜਾਣਗੀਆਂ। ਪੰਜਾਬ ਦੇ ਵਕੀਲਾਂ ਦੀ ਹੜਤਾਲ ਦਾ ਸਮਰਥਨ ਕਰਦਿਆਂ ਅੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਬਾਰ ਕੌਂਸਲ ਨੇ 30 ਜੁਲਾਈ ਤੱਕ ਹਾਈਕੋਰਟ ਵਿੱਚ ਵੀ ਹੜਤਾਲ ਕਰਨ ਦਾ ਐਲਾਨ ਕਰ ਦਿੱਤਾ ਹੈ। ਇਸੇ ਦਰਮਿਆਨ ਸਪੀਕਰ ਕੁਲਤਾਰ ਸਿੰਘ ਸੰਧਵਾਂ, ਐਮ.ਪੀ. ਭਾਈ ਸਰਬਜੀਤ ਸਿੰਘ ਖਾਲਸਾ ਨੇ ਭਾਰਤ ਸਰਕਾਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਕਿ ਐਲ.ਏ.ਡੀ.ਸੀ. ਸਕੀਮ ਨੂੰ ਵਾਪਸ ਲਿਆ ਜਾਵੇ, ਕਿਉਂਕਿ ਇਹ ਲੋਕ ਵਿਰੋਧੀ ਹੈ ਅਤੇ ਇਸ ਨਾਲ ਅਦਾਲਤ ਵਿੱਚ ਇਨਸਾਫ ਪ੍ਰਕਿਰਿਆ ਬੁਰੀ ਤਰਾਂ ਪ੍ਰਭਾਵਿਤ ਹੋਵੇਗੀ। ਫਰੀਦਕੋਟ ਬਾਰ ਐਸੋਸੀਏਸ਼ਨ ਦੇ ਅੱਜ 120 ਮੈਂਬਰਾਂ ਨੇ ਭੁੱਖ ਹੜਤਾਲ ਰੱਖ ਕੇ ਐਲ.ਏ.ਡੀ.ਸੀ ਸਕੀਮ ਦਾ ਵਿਰੋਧ ਦਰਜ ਕਰਵਾਇਆ।

## ਤਾਜ ਪਬਲਿਕ ਸਕੂਲ ਵਿਖੇ ਜ਼ੋਨ ਪੱਧਰੀ ਸਕੂਲੀ ਖੇਡਾਂ ਦਾ ਧੂਮ-ਧਾਮ ਨਾਲ ਆਗਾਜ਼

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫਰੀਦਕੋਟ, 29 ਜੁਲਾਈ : ਤਾਜ ਪਬਲਿਕ ਸਕੂਲ, ਜੰਡ ਸਾਹਿਬ (ਫਰੀਦਕੋਟ) ਵਿਖੇ ਜ਼ੋਨ ਪੱਧਰੀ ਸਕੂਲੀ ਖੇਡਾਂ ਦਾ ਆਗਾਜ਼ ਅੱਜ ਬੜੀ ਹੀ ਧੂਮ-ਧਾਮ ਨਾਲ ਕੀਤਾ ਗਿਆ। ਇਹ ਜ਼ੋਨ ਪੱਧਰੀ ਸਕੂਲੀ ਖੇਡਾਂ ਸਲਾਨਾ ਕਰਵਾਈਆਂ ਜਾਂਦੀਆਂ ਹਨ। ਜਿਸ ਵਿੱਚ ਵੱਖ- ਵੱਖ ਸਕੂਲਾਂ ਦੀਆਂ ਟੀਮਾਂ ਵਧ-ਚੜ੍ਹ ਕੇ ਹਿੱਸਾ ਲੈਂਦੀਆਂ ਹਨ। ਇਸ ਮੌਕੇ ਪਹੁੰਚੀਆਂ ਬਾਸਕਿਟਬਾਲ ਦੀਆਂ ਟੀਮਾਂ ਅਕਾਲ ਐਕਡਮੀ, ਜੰਡ ਸਾਹਿਬ ਅਤੇ ਤਾਜ ਪਬਲਿਕ ਸਕੂਲ ਵਿਚਕਾਰ ਹੋਇਆ। ਇਸ ਮੈਚ ਵਿੱਚ ਤਾਜ ਪਬਲਿਕ ਸਕੂਲ ਦੀ ਟੀਮ ਨੇ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦਿਆਂ ਹੋਇਆ ਮੈਚ ਨੂੰ 26.2 ਪੁਆਇੰਟ ਨਾਲ ਆਪਣੇ ਕਬਜ਼ੇ ਵਿੱਚ ਲੈ ਲਿਆ। ਇਸ ਦੇ ਨਾਲ ਹੀ ਬਾਸਕਿਟਬਾਲ (ਲੜਕੀਆਂ) ਦੀ ਟੀਮ ਅੰਡਰ-14) ਨੇ ਫਾਈਨਲ ਮੈਚ ਵਿੱਚ ਜਿੱਤ ਪ੍ਰਾਪਤ ਕੀਤੀ। ਫੁੱਟਬਾਲ (ਅੰਡਰ-19 ਲੜਕੀਆਂ) ਐਸ.ਬੀ.ਆਰ.ਐਸ. ਅਤੇ ਅਕਾਲ ਅਕੈਡਮੀ ਵਿਚਕਾਰ ਖੇਡਿਆ ਗਿਆ। ਇਸ ਮੈਚ ਵਿੱਚ ਅਕਾਲ ਅਕੈਡਮੀ ਨੇ 1-0 ਨਾਲ ਜਿੱਤ ਪ੍ਰਾਪਤ ਕੀਤੀ। ਤਾਜ ਪਬਲਿਕ ਸਕੂਲ, ਜੰਡ ਸਾਹਿਬ ਦੀ ਸਤਰੰਜ਼ (ਅੰਡਰ-14) ਦੀ ਟੀਮ ਨੇ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦਿਆਂ ਹੋਇਆ ਆਪਣੀ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਜਗ੍ਹਾ ਬਣਾਈ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ ਨੇ ਕਿਹਾ ਕਿ ਹੁਣ ਬੱਚੇ ਜ਼ੋਨ ਪੱਧਰੀ ਖੇਡਾਂ ਵਿਚ ਵਧੀਆ ਪ੍ਰਦਰਸ਼ਨ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕਰਦੇ ਹਨ। ਇਸ ਮੌਕੇ ਤੇ ਸਕੂਲ ਦੀ ਮੈਨੇਜਮੈਂਟ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਬੱਚਿਆਂ ਦੇ ਚੰਗੇ ਕੀਤੇ ਖੇਡ ਪ੍ਰਦਰਸ਼ਨ ਤੇ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਸਾਡੇ ਸਕੂਲ ਦੇ ਬੱਚੇ ਅੱਗੇ ਵੀ ਇਸੇ ਤਰਾਂ ਸਕੂਲ ਤੇ ਮਾਪਿਆਂ ਦਾ ਨਾਂ ਰੌਸ਼ਨ ਕਰਦੇ ਰਹਿਣਗੇ। ਕਿਉਂਕਿ ਜਿੱਥੇ ਚੰਗਾ ਜੀਵਨ ਜਿਉਣ ਲਈ ਪੜ੍ਹਾਈ ਬਹੁਤ ਜ਼ਰੂਰੀ ਹੈ ਉੱਥੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਖੇਡਾਂ ਵੀ ਅਤਿ ਜ਼ਰੂਰੀ ਹਨ। ਇਸ ਕਰਕੇ ਅਸੀਂ ਆਪਣੇ ਬੱਚਿਆਂ ਦਾ ਸਰੀਰਕ ਤੇ ਮਾਨਸਿਕ ਦੋਨਾਂ ਨੂੰ ਤੰਦਰੁਸਤ ਰੱਖਣ ਵਾਸਤੇ ਹਰ ਪ੍ਰਕਾਰ ਦੇ ਯਤਨ ਕਰਦੇ ਰਹਾਂਗੇ। ਇਸ ਸਮੇਂ ਚੇਅਰਮੈਨ ਸ. ਹਰਪ੍ਰੀਤ ਸਿੰਘ ਸੰਧੂ, ਸ. ਜਗਮੀਤ ਸਿੰਘ ਸੰਧੂ, ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ, ਚੇਅਰਪਰਨ ਮੈਡਮ ਰਮਨਦੀਪ ਕੌਰ ਸੰਧੂ, ਮੈਡਮ ਸ਼ਮਨਪ੍ਰੀਤ ਕੌਰ ਸੰਧੂ, ਸਤਰੰਜ਼ ਕੋਚ ਜੈ ਅਵੀਨਾਸ਼ ਸਿੰਘ, ਫੁੱਟਬਾਲ ਕੋਚ ਰਾਕੇਸ਼ ਸ਼ਰਮਾ, ਫੁੱਟਬਾਲ ਕੋਚ ਕਰਨਵੀਰ ਸਿੰਘ, ਕ੍ਰਿਕਟ ਕੋਚ ਪ੍ਰਦੀਪ ਟੰਡਨ, ਅਥਲੈਟਿਕਸ ਕੋਚ ਰਵਿੰਦਰ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।